# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 2-10-2023**

ਦੇਸ਼ ਅੱਜ ਰਾਸ਼ਟਰਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 154ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ।

ਦੇਸ਼-ਵਿਦੇਸ਼ ਵਿੱਚ ਭਾਰਤੀ ਮਿਸ਼ਨਾਂ ਵੱਲੋਂ ਸਮਾਗਮਾਂ ਦੀ ਲੜੀ ਦਾ ਆਯੋਜਨ ਕੀਤਾ ਜਾ ਰਿਹਾ ਏ। ਰਾਸ਼ਟਰੀ ਰਾਜਧਾਨੀ ਦਿੱਲੀ ਦੇ ਰਾਜਘਾਟ ਸਥਿਤ ਬਾਪੂ ਦੀ ਸਮਾਧੀ 'ਤੇ ਸਰਬ ਧਰਮ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵੇਰੇ ਰਾਜਘਾਟ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੇ ਸੁਨੇਹੇ ਵਿੱਚ ਕਿਹਾ ਕਿ ਮਹਾਤਮਾ ਗਾਂਧੀ ਦੇ ਸੱਚ ਅਤੇ ਅਹਿੰਸਾ ਦੇ ਆਦਰਸ਼ਾਂ ਨੇ ਵਿਸ਼ਵ ਲਈ ਇੱਕ ਨਵਾਂ ਰਾਹ ਪੱਧਰਾ ਕੀਤਾ ਏ।

ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਨੇ ਆਪਣਾ ਸਾਰਾ ਜੀਵਨ ਅਹਿੰਸਾ ਲਈ ਹੀ ਨਹੀਂ ਲੜਿਆ, ਸਗੋਂ ਉਨ੍ਹਾਂ ਨੇ ਸਵੱਛਤਾ, ਮਹਿਲਾ ਸਸ਼ਕਤੀਕਰਨ, ਸਵੈ-

ਨਿਰਭਰਤਾ ਅਤੇ ਕਿਸਾਨਾਂ ਦੇ ਅਧਿਕਾਰਾਂ ਦਾ ਮੁੱਦਾ ਵੀ ਉਠਾਇਆ ਅਤੇ ਛੂਤ-ਛਾਤ, ਸਮਾਜਿਕ ਵਿਤਕਰੇ ਤੇ ਅਨਪੜ੍ਹਤਾ ਵਿਰੁੱਧ ਵੀ ਲੜਾਈ ਲੜੀ।
ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਹਾਤਮਾ ਗਾਂਧੀ ਦੀਆਂ ਸਦੀਵੀ ਸਿੱਖਿਆਵਾਂ ਸਾਡਾ ਮਾਰਗਦਰਸ਼ਨ ਕਰਦੀਆਂ ਰਹਿੰਦੀਆਂ ਨੇ। ਉਨ੍ਹਾਂ ਕਿਹਾ ਕਿ ਗਾਂਧੀ ਜੀ ਦਾ ਪ੍ਰਭਾਵ ਵਿਸ਼ਵਵਿਆਪੀ ਏ, ਜਿਸ ਨੇ ਸਮੁੱਚੀ ਮਨੁੱਖ ਜਾਤੀ ਨੂੰ ਏਕਤਾ ਅਤੇ ਹਮਦਰਦੀ ਦੀ ਭਾਵਨਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਆਸ ਪ੍ਰਗਟਾਈ ਕਿ ਉਨ੍ਹਾਂ ਦੇ ਵਿਚਾਰ ਹਰ ਨੌਜਵਾਨ ਨੂੰ ਉਸ ਬਦਲਾਅ ਦੇ ਏਜੰਟ ਬਣਨ ਦੇ ਯੋਗ ਬਣਾਉਣਗੇ ਜਿਸਦਾ ਉਨ੍ਹਾਂ ਨੇ ਸੁਪਨਾ ਦੇਖਿਆ ਸੀ, ਜਿਸ ਨਾਲ ਹਰ ਜਗ੍ਹਾ ਏਕਤਾ ਅਤੇ ਸਦਭਾਵਨਾ ਉਤਸ਼ਾਹਿਤ ਹੋਵੇਗੀ।

----------------------------------------------------------

ਏਧਰ ਪੰਜਾਬ ਵਿੱਚ ਵੀ ਰਾਸ਼ਟਰਪਿਤਾ ਮਹਾਤਮਾ ਗਾਂਧੀ ਦਾ ਜਨਮ ਦਿਵਸ ਗਾਂਧੀ ਜਯੰਤੀ ਵਜੋਂ ਮਨਾਇਆ ਜਾ ਰਿਹਾ ਏ।

ਇਸ ਮੌਕੇ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਈ ਸਮਾਗਮਾਂ ਦਾ ਆਯੋਜਨ ਕੀਤਾ ਗਿਆ ਏ। ਜਲੰਧਰ ਵਿੱਚ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਪਾਰਟੀ ਆਗੂਆਂ ਨੇ ਕੰਪਨੀ ਬਾਗ ਚੌਂਕ ਵਿਖੇ ਰਾਸ਼ਟਰਪਿਤਾ ਨੂੰ ਸ਼ਰਧਾਂਜਲੀ ਭੇਂਟ ਕੀਤੀ।

ਦੇਸ਼ ਦੇ ਦੂਜੇ ਪ੍ਰਧਾਨ ਮੰਤਰੀ ਰਹੇ ਸਵਰਗੀ ਲਾਲ ਬਹਾਦਰ ਸ਼ਾਸਤਰੀ ਨੂੰ ਵੀ ਉਨ੍ਹਾਂ ਦੀ ਜਯੰਤੀ ’ਤੇ ਅੱਜ ਯਾਦ ਕੀਤਾ ਜਾ ਰਿਹਾ ਏ ।

-----------------------------------------------------------

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਵੀ ਉਨ੍ਹਾਂ ਦੀ ਜਯੰਤੀ 'ਤੇ ਯਾਦ ਕਰ ਰਿਹਾ ਏ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਰਾਜਧਾਨੀ ਵਿਚ ਲਾਲ ਬਹਾਦੁਰ ਸ਼ਾਸਤਰੀ ਦੇ ਸਮਾਰਕ ਵਿਜੇ ਘਾਟ 'ਤੇ ਜਾ ਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਲਾਲ ਬਹਾਦੁਰ ਸ਼ਾਸਤਰੀ ਦੀ ਸਾਦਗੀ, ਰਾਸ਼ਟਰ ਪ੍ਰਤੀ ਸਮਰਪਣ ਅਤੇ ਜੈ ਜਵਾਨ- ਜੈ ਕਿਸਾਨ ਦਾ ਸੱਦਾ ਅੱਜ ਵੀ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਏ। ਉਨ੍ਹਾਂ ਕਿਹਾ ਕਿ ਭਾਰਤ ਦੀ ਤਰੱਕੀ ਪ੍ਰਤੀ ਲਾਲ ਬਹਾਦੁਰ ਸ਼ਾਸਤਰੀ ਦੀ ਅਟੁੱਟ ਵਚਨਬੱਧਤਾ ਅਤੇ ਚੁਣੌਤੀਪੂਰਨ ਸਮੇਂ ਦੌਰਾਨ ਉਨ੍ਹਾਂ ਦੀ ਅਗਵਾਈ ਮਿਸਾਲੀ ਏ।

-----------------------------------------------------------

ਕਾਂਗਰਸ ਨੇਤਾ ਰਾਹੁਲ ਗਾਂਧੀ ਅੱਜ ਸਵੇਰੇ ਆਪਣੇ ਨਿੱਜੀ ਦੌਰੇ ’ਤੇ ਅੰਮ੍ਰਿਤਸਰ ਪੁੱਜੇ। ਹਵਾਈ ਅੱਡੇ ਤੋਂ ਉਹ ਸਿੱਧੇ ਸ੍ਰੀ ਦਰਬਾਰ ਸਾਹਿਬ ਗਏ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁੱਖ ਨਤ ਮਸਤਕ ਹੋਏ । ਰਾਹੁਲ ਗਾਂਧੀ ਨੇ ਸ੍ਰੀ ਦਰਬਾਰ

ਸਾਹਿਬ ਵਿਖੇ ਸੇਵਾ ਵੀ ਕੀਤੀ। ਰਾਹੁਲ ਗਾਂਧੀ ਦੀ ਇਸ ਫੇਰੀ ਨੂੰ ਦੇਖਦਿਆਂ ਅੰਮ੍ਰਿਤਸਰ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ।

------------------------------------------------------------

ਮੋਗਾ ਜ਼ਿਲ੍ਹੇ ਵਿੱਚ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦੀ ਅਗਵਾਈ ਵਿੱਚ ਕੱਲ੍ਹ ਸਵੱਛਤਾ ਮੁਹਿੰਮ ਚਲਾਈ ਗਈ।

ਜਿਲ੍ਹਾ ਪ੍ਰਸ਼ਾਸ਼ਨ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਤੇ ਵੱਖ ਵੱਖ ਹੋਰ ਵਿਭਾਗਾਂ ਨੇ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦਿਆਂ ਜ਼ਿਲ੍ਹੇ ਦੇ 317 ਪਿੰਡਾਂ ਵਿੱਚ ਸਾਫ਼-ਸਫਾਈ ਨਾਲ ਸੰਬਧਤ ਗਤੀਵਿਧੀਆਂ ਚਲਾਈਆਂ। ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡ ਦੀਆਂ ਸਾਂਝੀਆਂ ਥਾਵਾਂ ਸਕੂਲ, ਆਂਗਣਵਾੜੀ ਕੇਂਦਰਾਂ, ਧਰਮਸ਼ਾਲਾ, ਪੰਚਾਇਤ ਘਰ, ਪਿੰਡ ਦੀਆਂ ਸੜਕਾਂ ਤੇ ਫਿਰਨੀਆਂ, ਧਾਰਮਿਕ ਸਥਾਨਾਂ, ਪ੍ਰਾਇਮਰੀ ਹੈਲਥ ਸੈਂਟਰ, ਵਾਟਰ ਵਰਕਸ ਅਤੇ ਛੱਪੜਾਂ ਦੇ ਆਲੇ ਦੁਆਲੇ ਦੀ ਸਫਾਈ ਕਰਵਾਈ ਗਈ। ਪਿੰਡਾਂ ਵਿੱਚੋਂ ਸਿੰਗਲ ਯੂਜ਼ ਪਲਾਸਟਿਕ ਵੀ ਇਕੱਠਾ ਕੀਤਾ ਗਿਆ ਅਤੇ ਕੋਈ 2 ਕੁਇੰਟਲ ਪਲਾਸਟਿਕ ਮੋਗਾ ਦੇ ਐਮ. ਆਰ. ਐਫ਼ ਸੈਂਟਰ ਵਿਖੇ ਭੇਜਿਆ ਗਿਆ।

------------------------------------------------------------

ਸੀਮਾ ਸੁਰੱਖਿਆ ਬਲ ਦੇ ਪੰਜਾਬ ਫਰੰਟੀਅਰ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਸਫਾਈ ਮੁਹਿੰਮ, ਜਾਗਰੂਕਤਾ ਪ੍ਰੋਗਰਾਮ ਅਤੇ ਰੈਲੀਆਂ ਦਾ ਆਯੋਜਨ ਕਰ ਰਿਹਾ

ਏ ਤਾਂ ਜੋ ਲੋਕਾਂ ਨੂੰ ਸਵੱਛਤਾ ਅਤੇ ਸਾਫ ਵਾਤਾਵਰਣ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਜਾ ਸਕੇ।

ਇਸੇ ਲੜੀ ਵਿੱਚ ਕੁੜੀਆਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਅਰਜੁਨ ਨਗਰ ਲਾਡੋਵਾਲੀ ਰੋਡ ਵਿੱਖੇ ਕੱਲ੍ਹ ਸਕੂਲ ਕੰਪਲੈਕਸ ਅਤੇ ਆਲੇ - ਦੁਆਲੇ ਦੇ ਇਲਾਕੇ ਦੀ ਸਫ਼ਾਈ ਕੀਤੀ ਗਈ। ਬੱਚਿਆਂ ਨੂੰ ਲਗਾਤਾਰ ਸਫ਼ਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ। ਬਲ ਨੇ ਇਹ ਸਰਗਰਮੀਆਂ ਆਪਣੇ ਆਈ ਜੀ ਅਤੁਲ ਫੁਲਝੈਲੇ ਦੀ ਅਗਵਾਈ ਵਿੱਚ ਆਯੋਜਿਤ ਕੀਤੀਆਂ। ਇਸੇ ਤਰ੍ਹਾਂ ਬਲ ਦੇ ਪੰਜਾਬ ਫਰੰਟੀਅਰ ਦੇ ਸੈਕਟਰ, ਯੂਨਿਟ ਅਤੇ ਬੀ ਓ ਪੀ ਪੱਧਰ ’ਤੇ ਵੀ ਸਵੱਛਤਾ ਪ੍ਰੋਗਰਾਮ ਕਰਵਾਏ ਜਾ ਰਹੇ ਨੇ।

-------------------------------------------------------------

ਪਠਾਨਕੋਟ ਜ਼ਿਲ੍ਹੇ ਦੇ ਆਂਗਣਵਾੜੀ ਸੈਂਟਰ ਪਰਮਾਨੰਦ ਸਰਕਲ ਵਿਖੇ ਪੋਸ਼ਣ ਤੇ ਚੰਗੀ ਖੁਰਾਕ ਦੀ ਮਹੱਤਤਾ ਦੇ ਸਬੰਧ ਵਿੱਚ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੀ ਡੀ ਪੀ ਓ ਸੰਜੀਵ ਸ਼ਰਮਾ ਨੇ ਕਿਹਾ ਕਿ ਬੱਚਿਆਂ ਨੂੰ ਪੋਸ਼ਟਿਕ ਖੁਰਾਕ ਦੇਣੀ ਅਤਿ ਜ਼ਰਰੀ ਏ ਅਤੇ ਬੱਚਿਆਂ ਨੂੰ ਜੰਕ ਫੂਡ ਤੋਂ ਦੂਰ ਰੱਖਣਾ ਚਾਹੀਦਾ ਏ ਕਿਉਕਿ ਜੰਕ ਫੂਡ ਬੱਚਿਆਂ ਵਿੱਚ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲਾਉਂਦਾ ਏ।

ਡਾ. ਹਿਮਾਨੀ ਸ਼ਰਮਾਂ ਨੇ ਪੋਸ਼ਨ ਅਭਿਆਨ ਤਹਿਤ ਹੋਣ ਵਾਲੀਆਂ ਜਾਗਰੂਕਤਾ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਬੱਚਿਆਂ, ਕਿਸ਼ੋਰਾਂ, ਗਰਭਵਤੀ ਮਾਵਾਂ ਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਪੌਸ਼ਟਿਕ ਖੁਰਾਕ ਅਤੇ ਚੰਗੀ ਸਿਹਤ ਸਬੰਧੀ ਜਾਗਰੂਕ ਕੀਤਾ ਗਿਆ।

---------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਸਿੰਘ ਸਭਾ ਲਹਿਰ ਦਾ 150 ਸਾਲਾ ਸਥਾਪਨਾ ਦਿਹਾੜਾ ਕੱਲ੍ਹ ਅੰਮ੍ਰਿਤਸਰ ਵਿੱਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਇੱਕ ਵਿਸ਼ਾਲ ਗੁਰਮਤਿ ਸਮਾਗਮ ਕਰਕੇ ਮਨਾਇਆ ਗਿਆ।

ਇਸ ਸ਼ਤਾਬਦੀ ਸਮਾਗਮ ਮੌਕੇ ਵੱਡੀ ਗਿਣਤੀ ਵਿੱਚ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ 150 ਸਾਲ ਪਹਿਲਾਂ ਸ਼ੁਰੂ ਹੋਈ ਸਿੰਘ ਸਭਾ ਲਹਿਰ ਨੇ ਤਤਕਾਲੀ ਚੁਣੌਤੀਆਂ ਵਿਰੁੱਧ ਸਿੱਖ ਕੌਮ ਵਿੱਚ ਚੇਤੰਨ ਦਸਤਕ ਦਿੱਤੀ ਸੀ, ਜਿਸਦਾ ਪ੍ਰਭਾਵ ਹਰ ਸਿੱਖ ਨੇ ਕਬੂਲਿਆ ਸੀ। ਉਨ੍ਹਾਂ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਇਸਾਈ ਧਰਮ ਦੇ ਪ੍ਰਚਾਰ ਕੇਂਦਰ ਖੋਲ੍ਹਣ ਵਾਸਤੇ ਵੱਧ ਪੈਸੇ ਦਾ ਲਾਲਚ ਦੇ ਕੇ ਜ਼ਮੀਨਾਂ ਲੈਣ ਦੀਆਂ ਕਈ ਸ਼ਿਕਾਇਤਾਂ ਪੁੱਜ ਰਹੀਆਂ ਨੇ ਅਤੇ ਜ਼ਿਮੀਦਾਰਾਂ ਨੂੰ ਸੁਚੇਤ ਹੋ ਕੇ ਇਸ ਵਰਤਾਰੇ ’ਤੇ ਰੋਕ ਲਗਾਉਣੀ ਪਵੇਗੀ।

ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੰਘ ਸਭਾ ਲਹਿਰ ਦੇ ਮੋਢੀਆਂ ਨੇ ਸਿੱਖ ਧਰਮ ਅਤੇ ਸਿੱਖ ਸਿਧਾਂਤਾਂ ਦੀ ਪਹਿਰੇਦਾਰੀ ਕੀਤੀ ਅਤੇ ਸਿੱਖਾਂ ਨੂੰ ਆਪਣੇ ਕੌਮੀ ਫ਼ਰਜ਼ ਪ੍ਰਤੀ ਜਾਗਰੂਕ ਕੀਤਾ ।

-------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 1962 ਦੀਆਂ ਜਕਾਰਤਾ ਏਸ਼ਿਆਈ ਖੇਡਾਂ ਤੋਂ ਬਾਅਦ ਹਾਂਗਜ਼ੂ ਏਸ਼ਿਆਈ ਖੇਡਾਂ ਵਿੱਚ ਭਾਰਤੀ ਦਲ ਵਿੱਚ ਸ਼ਾਮਲ ਪੰਜਾਬੀ ਖਿਡਾਰੀਆਂ ਵੱਲੋਂ ਪੰਜ ਸੋਨ ਤਮਗੇ ਜਿੱਤਣ ਲਈ ਵਧਾਈ ਦਿੱਤੀ ਏ ।

ਇਕ ਸੁਨੇਹੇ ਵਿੱਚ ਉਨ੍ਹਾਂ ਕਿਹਾ ਕਿ ਸੂਬੇ ਦੇ ਖਿਡਾਰੀ ਚੱਲ ਰਹੀਆਂ ਏਸ਼ਿਆਈ ਖੇਡਾਂ ਵਿੱਚ ਆਪਣਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖ ਰਹੇ ਨੇ । ਉਨ੍ਹਾਂ ਦੱਸਿਆ ਕਿ ਖੇਡਾਂ ਵਿੱਚ ਤੇਜਿੰਦਰ ਪਾਲ ਸਿੰਘ ਤੂਰ ਅਤੇ ਜ਼ੋਰਾਵਰ ਸਿੰਘ ਸੰਧੂ ਨੇ ਸੋਨੇ ਦੇ ਤਮਗੇ ਜਦਕਿ ਹਰਮਿਲਨ ਬੈਂਸ ਅਤੇ ਰਾਜੇਸ਼ਵਰੀ ਕੁਮਾਰੀ ਨੇ ਚਾਂਦੀ ਦੇ ਤਮਗੇ ਹਾਸਲ ਕੀਤੇ ਨੇ ।